ਸਿਰੀਰਾਗੁ ਮਹਲਾ ੫ ਘਰੁ ੧ ॥ ਸੰਤ ਜਨਾ ਮਿਲਿ ਭਾਈਆ ਕਟਿਅੜਾ ਜਮਕਾਲੁ ॥ ਸਚਾ ਸਾਹਿਬੁ ਮਨਿ ਵੁਠਾ ਹੋਆ ਖਸਮੁ ਦਇਆਲੁ ॥ ਪੂਰਾ ਸਤਿਗੁਰੁ ਭੇਟਿਆ ਬਿਨਸਿਆ ਸਭੁ ਜੰਜਾਲੁ ॥੧॥ ਮੇਰੇ ਸਤਿਗੁਰਾ ਹਉ ਤੁਧੁ ਵਿਟਹੁ ਕੁਰਬਾਣੁ ॥ ਤੇਰੇ ਦਰਸਨ ਕਉ ਬਲਿਹਾਰਣੈ ਤੁਸਿ ਦਿਤਾ ਅੰਮ੍ਰਿਤ ਨਾਮੁ ॥੧॥ ਰਹਾਉ ॥ ਜਿਨ ਤੂੰ ਸੇਵਿਆ ਭਾਉ ਕਰਿ ਸੇਈ ਪੁਰਖ ਸੁਜਾਨ ॥ ਤਿਨਾ ਪਿਛੈ ਛੁਟੀਐ ਜਿਨ ਅੰਦਰਿ ਨਾਮੁ ਨਿਧਾਨੁ ॥ ਗੁਰ ਜੇਵਡੁ ਦਾਤਾ ਕੋ ਨਹੀ ਜਿਨਿ ਦਿਤਾ ਆਤਮ ਦਾਨੁ ॥ ੨॥ ਆਏ ਸੇ ਪਰਵਾਣੁ ਹਹਿ ਜਿਨ ਗੁਰੁ ਮਿਲਿਆ ਸੁਭਾਇ ॥ ਸਚੇ ਸੇਤੀ ਰਤਿਆ ਦਰਗਹ ਬੈਸਣੁ ਜਾਇ ॥ ਕਰਤੇ ਹਥਿ ਵਡਿਆਈਆ ਪੂਰਬਿ ਲਿਖਿਆ ਪਾਇ ॥੩॥ ਸਚੁ ਕਰਤਾ ਸਚੁ ਕਰਣਹਾਰੁ ਸਚੁ ਸਾਹਿਬੁ ਸਚੁ ਟੇਕ ॥ ਸਚੋ ਸਚੁ ਵਖਾਣੀਐ ਸਚੋ ਬੁਧਿ ਬਿਬੇਕ ॥ ਸਰਬ ਨਿਰੰਤਰਿ ਰਵਿ ਰਹਿਆ ਜਪਿ ਨਾਨਕ ਜੀਵੈ ਏਕ ॥੪॥੨੮॥੯੮॥ {ਪੰਨਾ 52}

ਪਦਅਰਥ:- ਮਿਲਿ—ਮਿਲ ਕੇ। ਜਮਕਾਲੁ—ਮੌਤ, ਮੌਤ ਦਾ ਡਰ, ਆਤਮਕ ਮੌਤ ਦਾ ਖ਼ਤਰਾ। ਸਚਾ—ਸਦਾ-ਥਿਰ ਰਹਿਣ ਵਾਲਾ। ਮਨਿ—ਮਨ ਵਿਚ। ਵੁਠਾ—ਆ ਵੱਸਿਆ ਹੈ। ਭੇਟਿਆ—ਮਿਲਿਆ। ਸਭੁ—ਸਾਰਾ। ਜੰਜਾਲੁ—ਮਾਇਆ ਦੇ ਬੰਧਨ।1।

ਹਉ—ਮੈਂ। ਵਿਟਹੁ—ਤੋਂ। ਤੁਸਿ—ਤੁੱਠ ਕੇ, ਪ੍ਰਸੰਨ ਹੋ ਕੇ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ।1। ਰਹਾਉ।

ਤੂੰ—ਤੈਨੂੰ। ਭਾਉ—ਪ੍ਰੇਮ। ਸੁਜਾਨ—ਸਿਆਣੇ। ਪਿਛੈ—ਅਨੁਸਾਰ ਹੋ ਕੇ, ਸਰਨੀ ਪੈ ਕੇ। ਛੁਟੀਐ—(ਵਿਕਾਰਾਂ ਤੋਂ) ਬਚੀਦਾ ਹੈ। ਨਿਧਾਨੁ—ਖ਼ਜ਼ਾਨਾ। ਜਿਨਿ—ਜਿਸ ਨੇ {ਨੋਟ:- ‘ਜਿਨ’ ਬਹੁ-ਵਚਨ ਹੈ, ‘ਜਿਨਿ’ ਇਕ-ਵਚਨ ਹੈ}।2।

ਹਹਿ—ਹਨ। ਸੁਭਾਇ—ਪਿਆਰ ਨਾਲ। ਸੇਤੀ—ਨਾਲ। ਬੈਸਣੁ—ਬੈਠਣ ਨੂੰ। ਜਾਇ—ਥਾਂ। ਹਥਿ—ਹੱਥ ਵਿਚ।3।

ਸਚੁ—ਸਦਾ-ਥਿਰ। ਟੇਕ—ਆਸਰਾ। ਵਖਾਣੀਐ—ਆਖਿਆ ਜਾਂਦਾ ਹੈ, ਹਰ ਕੋਈ ਆਖਦਾ ਹੈ। ਬਿਬੇਕ ਬੁਧਿ—ਬਿਬੇਕ ਦੀ ਬੁਧਿ ਵਾਲਾ। ਜਪਿ—ਜਪ ਕੇ। ਏਕ—(ਉਸ) ਇਕ (ਦਾ ਨਾਮ)।4।

ਅਰਥ:- ਹੇ ਮੇਰੇ ਸਤਿਗੁਰੂ! ਮੈਂ ਤੈਥੋਂ ਕੁਰਬਾਨ ਜਾਂਦਾ ਹਾਂ, ਮੈਂ ਤੇਰੇ ਦਰਸਨ ਤੋਂ ਸਦਕੇ ਜਾਂਦਾ ਹਾਂ। ਤੂੰ ਪ੍ਰਸੰਨ ਹੋ ਕੇ ਮੈਨੂੰ (ਪ੍ਰਭੂ ਦਾ) ਆਤਮਕ ਜੀਵਨ ਦੇਣ ਵਾਲਾ ਨਾਮ ਬਖ਼ਸ਼ਿਆ ਹੈ।1। ਰਹਾਉ।

(ਜਿਸ ਮਨੁੱਖ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ, ਉਸ ਦਾ ਸਾਰਾ ਮਾਇਆ-ਮੋਹ ਦਾ ਜਾਲ ਨਾਸ ਹੋ ਜਾਂਦਾ ਹੈ, ਸੰਤ ਜਨਾਂ ਭਰਾਵਾਂ ਨੂੰ ਮਿਲ ਕੇ ਉਸ ਦਾ ਆਤਮਕ ਮੌਤ ਦਾ ਖ਼ਤਰਾ ਦੂਰ ਹੋ ਜਾਂਦਾ ਹੈ, ਖਸਮ-ਪ੍ਰਭੂ ਉਸ ਉਤੇ ਦਇਆਵਾਨ ਹੁੰਦਾ ਹੈ ਤੇ ਸਦਾ-ਥਿਰ ਮਾਲਕ-ਪ੍ਰਭੂ ਉਸ ਦੇ ਮਨ ਵਿਚ ਆ ਵੱਸਦਾ ਹੈ।1।

(ਹੇ ਪ੍ਰਭੂ!) ਜਿਨ੍ਹਾਂ ਨੇ ਪ੍ਰੇਮ ਨਾਲ ਤੈਨੂੰ ਸਿਮਰਿਆ ਹੈ, ਉਹੀ ਸਿਆਣੇ ਮਨੁੱਖ ਹਨ। ਜਿਨ੍ਹਾਂ ਦੇ ਹਿਰਦੇ ਵਿਚ (ਤੇਰਾ) ਨਾਮ-ਖ਼ਜ਼ਾਨਾ ਵੱਸਦਾ ਹੈ, ਉਹਨਾਂ ਦੀ ਹੀ ਸਰਨ ਪੈ ਕੇ (ਵਿਕਾਰਾਂ ਤੋਂ) ਬਚ ਜਾਈਦਾ ਹੈ। (ਪਰ ਨਾਮ ਦੀ ਇਹ ਦਾਤਿ ਗੁਰੂ ਤੋਂ ਹੀ ਮਿਲਦੀ ਹੈ) ਗੁਰੂ ਜੇਡਾ ਹੋਰ ਦਾਤਾ ਨਹੀਂ ਹੈ ਕਿਉਂਕਿ ਉਸ ਨੇ ਆਤਮਕ ਜੀਵਨ ਦੀ ਦਾਤਿ ਦਿੱਤੀ ਹੈ।2।

ਜਿਨ੍ਹਾਂ ਨੂੰ ਪਿਆਰ ਦੀ ਬਰਕਤਿ ਨਾਲ ਗੁਰੂ ਆ ਮਿਲਦਾ ਹੈ, ਜਗਤ ਵਿਚ ਆਏ ਉਹੀ ਕਬੂਲ ਹਨ। (ਗੁਰੂ ਦੀ ਸਹੈਤਾ ਨਾਲ) ਸਦਾ-ਥਿਰ ਪ੍ਰਭੂ (ਦੇ ਨਾਮ) ਨਾਲ ਰੰਗੀਜ ਕੇ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਬੈਠਣ ਨੂੰ ਥਾਂ ਮਿਲ ਜਾਂਦੀ ਹੈ। (ਪਰ ਇਹ ਸਭ) ਵਡਿਆਈਆਂ ਕਰਤਾਰ ਦੇ (ਆਪਣੇ) ਹੱਥ ਵਿਚ ਹਨ (ਜਿਸ ਉੱਤੇ ਉਹ ਮਿਹਰ ਕਰਦਾ ਹੈ, ਉਹ ਮਨੁੱਖ) ਪਹਿਲੇ ਜਨਮ ਵਿਚ ਕੀਤੀ ਨੇਕ ਕਮਾਈ ਦਾ ਲਿਖਿਆ ਲੇਖ ਪ੍ਰਾਪਤ ਕਰ ਲੈਂਦਾ ਹੈ।3।

ਜਗਤ ਦਾ ਕਰਤਾ ਜੋ ਸਭ ਕੁਝ ਕਰਨ ਦੇ ਸਮਰੱਥ ਹੈ ਤੇ ਸਭ ਦਾ ਮਾਲਕ ਹੈ ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਹੀ ਸਭ ਦਾ ਸਹਾਰਾ ਹੈ। ਹਰੇਕ ਜੀਵ ਉਸੇ ਨੂੰ ਹੀ ਸਦਾ-ਥਿਰ ਰਹਿਣ ਵਾਲਾ ਆਖਦਾ ਹੈ। ਉਹ ਸਦਾ-ਥਿਰ ਪ੍ਰਭੂ ਹੀ (ਅਸਲੀ ਪਰਖ ਦੀ ਬੁੱਧੀ ਰੱਖਣ ਵਾਲਾ ਹੈ, ਸਭ ਜੀਵਾਂ ਦੇ ਅੰਦਰ ਵਿਆਪਕ ਹੈ। ਹੇ ਨਾਨਕ! ਜੇਹੜਾ ਮਨੁੱਖ ਉਸ ਇਕ ਪ੍ਰਭੂ (ਦਾ ਨਾਮ) ਜਪਦਾ ਹੈ ਉਸ ਨੂੰ ਆਤਮਕ ਜੀਵਨ ਪ੍ਰਾਪਤ ਹੁੰਦਾ ਹੈ।4। 28। 98।